# ਦਫਤਰ ਡਾਇਰੈਕਟਰ ਸਿਖਿਆ ਵਿਭਾਗ (ਸੈ ਸਿ), ਪੰਜਾਬ, ਐਸ.ਏ.ਐਸ. ਨਗਰ

ਹੁਕਮ ਨੰ:: (12806 ਸਰਰ, 540 ਅ-5) 14/17-15 ਅ 5(2) (ਕੋ:ਸ:-3)
ਮਿਤੀ, ਐਸ.ਏ.ਐਸ.ਨਗਰ : 30-09-2015

ਸ਼੍ਰੀ ਦਲਜਿੰਦਰ ਸਿੰਘ, ਮੁੱਖਅਧਿਆਪਕ, ਸਹਸ ਜੜਤੌਲੀ, ਜ਼ਿਲ੍ਹਾ ਲੁਧਿਆਣਾ ਵਿਖੇ ਤੈਨਾਤ ਹਨ, ਦੀ ਰਿਟਾਇਰਮੈਂਟ ਮਿਤੀ 30-09-15 ਨੂੰ ਹੈ/ਸੀ। ਪੰਜਾਬ ਸਰਕਾਰ ਦੇ ਪੱਤਰ ਨੰ: 22/2/2012-3 ਐਫ.ਪੀ. 2/475-480 ਮਿਤੀ 08-10-2012 ਅਤੇ 22/02/2012-3 ਐਫ.ਪੀ.2/43 ਮਿਤੀ 22-01-2013 ਦੇ ਸੰਨਮੁੱਖ ਸੇਵਾਕਾਲ ਵਿਚ ਮਿਤੀ 01-10-15 ਤੋਂ ਮਿਤੀ 30-09-16 ਤੱਕ ਇਕ ਸਾਲ ਦਾ ਵਾਧਾ ਹੇਠ ਲਿਖੀਆਂ ਸ਼ਰਤਾਂ ਤਹਿਤ ਕੀਤਾ ਜਾਦਾ ਹੈ:-

1) ਵਧੇ ਹੋਏ ਸੇਵਾਕਾਲ ਦੌਰਾਨ ਸਬੰਧਤ ਕਰਮਚਾਰੀ ਦੀ ਤਨਖਾਹ ਆਦਿ ਲਈ, ਸਰਕਾਰ ਦੀ ਨੋਟੀਫਿਕੇਸਨ ਨੰ: 22/2/2012-3 ਐਫ.ਪੀ.2/469 ਮਿਤੀ 8-10-12, ਅਤੇ ਪੱਤਰ ਨੰ: 22/2/2012-3 ਐਫ.ਪੀ. 2/471-476 ਮਿਤੀ 20.09.2013 ਅਨੁਸਾਰ ਪੰਜਾਬ ਸਿਵਲ ਸਰਵਿਸਜ (ਪਹਿਲੀ ਸੋਧ) ਰੂਲਜ ਵਾਲਿਊਮ-1, ਪਾਰਟ-1, 2012 ਲਾਗੂ ਹੋਵੇਗੀ, ਜਿਸ ਅਨੁਸਾਰ ਰੂਲ 3.26 ਦੀ ਕਲਾਜ (ਏ) ਅਤੇ (ਬੀ) ਸੋਧੀ ਗਈ ਹੈ।

2) ਪੰਜਾਬ ਸਰਕਾਰ ਵਿੱਤ ਵਿਭਾਗ ਵਿੱਤ ਪ੍ਰੋਸੋਨਲ-2 ਸ਼ਾਖਾ ਦੇ ਪੱਤਰ ਨੰ: ਨੰ:22/2/2012-3 ਐਫ.ਪੀ.2/83 ਮਿਤੀ 30-04-15 ਦੇ ਪੈਰਾ ਨੰ:2 ਵਿਚ ਦਰਜ ਸ਼ਰਤਾਂ ਦੇ ਸਨਮੁੱਖ ਇਹ ਅਧਿਕਾਰੀ/ ਕਰਮਚਾਰੀ ਸੇਵਾਕਾਲ ਦੇ ਵਾਧੇ ਲਈ ਯੋਗ ਹੋਵੇ।

3) ਜੇਕਰ ਸੇਵਾਕਾਲ ਦੇ ਵਾਧੇ ਦੌਰਾਨ ਅਧਿਕਾਰੀ/ ਕਰਮਚਾਰੀ ਵੱਲੋਂ ਕੋਈ ਗੰਭੀਰ ਕੁਤਾਹੀ ਕੀਤੀ ਜਾਂਦੀ ਹੈ ਜਾਂ ਪਹਿਲਾਂ ਕੀਤੀ ਕੋਈ ਗੰਭੀਰ ਕੁਤਾਹੀ ਨੋਟਿਸ ਵਿਚ ਆਉਂਦੀ ਹੈ ਤਾਂ ਉਸ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਸਮ 8 ਅਧੀਨ ਵਿਭਾਗੀ ਕਾਰਵਾਈ ਤੋਂ ਇਲਾਵਾ ਉਸ ਦੇ ਸੇਵਾਕਾਲ ਦੇ ਵਾਧੇ ਨੂੰ ਫੌਰੀ ਤੌਰ ਤੇ ਬਿਨ੍ਹਾ ਕਿਸੇ ਨੋਟਿਸ ਦੇ ਵਾਪਸ ਲਿਆ ਜਾ ਸਕਦਾ ਹੈ।

4) ਵਧੇ ਹੋਏ ਸੇਵਾ ਕਾਲ ਦੌਰਾਨ ਪੱਦ ਉਨਤੀ ਦੀ ਅਸਾਮੀ ਉਪਲਬੱਧ ਹੋਣ ਦੀ ਸੂਰਤ ਵਿਚ ਸਬੰਧਤ ਕਰਮਚਾਰੀ ਨਿਯਮਾਂ ਅਨੁਸਾਰ ਅਜਿਹੀ ਅਸਾਮੀ ਦੇ ਵਿਰੁੱਧ ਪੱਦ ਉਨਤੀ ਲਈ ਵਿਚਾਰੇ ਜਾਣ ਦਾ ਪਾਤਰ ਹੋਵੇਗਾ ਅਤੇ ਪੱਦ ਉਨਤ ਹੋਣ ਦੀ ਸੂਰਤ ਵਿਚ ਉਸਦੀ ਤਨਖਾਹ ਸਬੰਧਤ ਨਿਯਮਾਂ ਅਨੁਸਾਰ ਪੱਦ ਉਨਤੀ ਦਾ ਲਾਭ ਦਿੰਦੇ ਹੋਏ, ਨਿਸ਼ਚਿਤ ਕੀਤੀ ਜਾਵੇਗੀ।

5) ਸਬੰਧਤ ਕਰਮਚਾਰੀ ਨੂੰ ਸੇਵਾ ਨਵਿਰਤੀ ਉਪਰੰਤ ਮਿਲਣ ਯੋਗ ਸਾਰੇ ਪੈਨਸ਼ਨਰੀ ਲਾਭ ਉਸਦੇ ਸੇਵਾਕਾਲ ਵਿਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣ ਯੋਗ ਹੋਣਗੇ।

6) ਜੇਕਰ ਕਰਮਚਾਰੀ ਦੀ ਪੈਨਸ਼ਨ ਮਹਾਂਲੇਖਾਕਾਰ ਪੰਜਾਬ ਤੋਂ ਪ੍ਰਵਾਨਗੀ ਉਪਰੰਤ ਆਪ ਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।

7) ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ।

8) ਪੰਜਾਬ ਸਰਕਾਰ, ਵਿੱਤ ਵਿਭਾਗ ਦੇ ਪੱਤਰ ਨੰ:22/2/2012-3 ਐਫ.ਪੀ-2/15 ਮਿਤੀ 23-01-2015 ਅਨੁਸਾਰ ਸਬੰਧਤ ਅਧਿਕਾਰੀ/ ਕਰਮਚਾਰੀ ਵਲੋਂ ਲਿਆ ਗਿਆ ਇਹ ਆਪਸ਼ਨਲ ਵਾਧਾ ਕਿਸੇ ਵੀ ਸਮੇਂ ਕੋਈ ਵੀ ਕਾਰਨ ਕਰਕੇ ਵਾਪਸ ਲਿਆ ਜਾ ਸਕਦਾ ਹੈ।

9) ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਜਾਂ ਅਧਿਕਾਰੀ/ ਕਰਮਚਾਰੀ ਵਿਰੁੱਧ ਚੱਲ ਰਹੀ ਵਿਭਾਗੀ ਇਨਕੁਆਰੀ/ ਵਿਜੀਲੈਂਸ ਕੇਸ ਜਾਂ ਕਰੀਮਿਨਲ ਕੇਸ ਬਾਰੇ ਤੁਰੰਤ ਸੂਚਨਾ ਨਾ ਭੇਜੀ ਗਈ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਜਿਲਾ ਸਿਖਿਆ ਅਫਸਰ (ਸੈ:ਸਿ:) ਅਤੇ ਸਕੂਲ ਮੁੱਖੀ ਦੀ ਹੋਵੇਗੀ।

ਬਲਬੀਰ ਸਿੰਘ
ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.) ਪੰਜਾਬ।

ਪਿੱਠ ਅੰਕਣ ਨੰ: ਉਕਤ/ 18424-26 ਮਿਤੀ :- 30/9/15

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਲੁਧਿਆਣਾ ਨੂੰ ਉਨ੍ਹਾਂ ਦੇ ਪੱਤਰ ਨੰ: ਅ-11/2015/302 ਮਿਤੀ 17.08.15 ਦੇ ਹਵਾਲੇ ਵਿੱਚ।
2. ਮੁੱਖਅਧਿਆਪਕ, ਸਹਸ ਜੜਤੌਲੀ, ਜ਼ਿਲ੍ਹਾ ਲੁਧਿਆਣਾ।
3. ਸ਼੍ਰੀ ਦਲਜਿੰਦਰ ਸਿੰਘ, ਮੁੱਖਅਧਿਆਪਕ, ਸਹਸ ਜੜਤੌਲੀ, ਜ਼ਿਲ੍ਹਾ ਲੁਧਿਆਣਾ।

ਸੁਪਰਡੰਟ ਕੋਆਰਡੀਨੇਸ਼ਨ ਸੈਲ